# Phone call between Prime Minister Shri NarendraModi and H.E. Mr Vladimir Putin, President of the Russian Federation

October 07, 2020

## ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਅਤੇ ਰੂਸੀ ਸੰਘ ਦੇ ਰਾਸ਼ਟਰਪਤੀ ਮਹਾਮਹਿਮ ਸ਼੍ਰੀ ਵਲਾਦੀਮੀਰ ਪੁਤਿਨ ਵਿਚਾਲੇ ਫੋਨ 'ਤੇ ਹੋਈ ਗੱਲਬਾਤ

7 ਅਕਤੂਬਰ, 2020

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ ਰੂਸੀ ਸੰਘ ਦੇ ਰਾਸ਼ਟਰਪਤੀ ਮਹਾਮਹਿਮ ਸ਼੍ਰੀ ਵਲਾਦੀਮੀਰ ਪੁਤਿਨ ਨਾਲ ਫੋਨ 'ਤੇ ਗੱਲਬਾਤ ਕੀਤੀ।

ਪ੍ਰਧਾਨ ਮੰਤਰੀ ਨੇ ਰੂਸੀ ਰਾਸ਼ਟਰਪਤੀ ਨੂੰ ਉਨ੍ਹਾਂ ਦੇ ਜਨਮ ਦਿਹਾੜੇ ਦੇ ਮੌਕੇ 'ਤੇ ਨਿੱਘੀਆਂ ਵਧਾਈਆਂ ਅਤੇ ਸ਼ੁੱਭਕਾਮਨਾਵਾਂ ਭੇਟ ਕੀਤੀਆਂ।

ਪ੍ਰਧਾਨ ਮੰਤਰੀ ਨੇ ਮਹਾਮਹਿਮ ਪੁਤਿਨ ਨਾਲ ਆਪਣੀ ਲੰਮੀ ਸਾਂਝ ਅਤੇ ਦੋਸਤੀ ਨੂੰ ਯਾਦ ਕੀਤਾ ਅਤੇ ਦੋਵਾਂ ਦੇਸ਼ਾਂ ਦਰਮਿਆਨ ਖਾਸ ਅਤੇ ਵਿਸ਼ੇਸ਼ ਅਧਿਕਾਰ ਪ੍ਰਾਪਤ ਰਣਨੀਤਕ ਭਾਈਵਾਲੀ ਨੂੰ ਸਿੰਜਣ ਵਿੱਚ ਉਨਾਂ ਵੱਲੋਂ ਨਿਭਾਈ ਗਈ ਵਿਅਕਤੀਗਤ ਭੂਮਿਕਾ ਦੀ ਸ਼ਲਾਘਾ ਕੀਤੀ।

ਦੋਨਾਂ ਆਗੂਆਂ ਨੇ COVID -19 ਮਹਾਂਮਾਰੀ ਤੋਂ ਪੈਦਾ ਹੋਈਆਂ ਚੁਣੌਤੀਆਂ ਸਮੇਤ ਹੋਰਾਂ ਵਿਸ਼ਿਆਂ 'ਤੇ ਆਉਣ ਵਾਲੇ ਦਿਨਾਂ ਵਿੱਚ ਆਪਸੀ ਸੰਪਰਕ ਵਿੱਚ ਰਹਿਣ ਉੱਤੇ ਸਹਿਮਤੀ ਪ੍ਰਗਟਾਈ। ਪ੍ਰਧਾਨ ਮੰਤਰੀ ਨੇ ਜਨਤਕ ਸਿਹਤ ਨਾਲ ਜੁੜੇ ਹਾਲਾਤ ਦੇ ਠੀਕ ਹੋਣ ਤੋਂ ਬਾਅਦ ਜਲਦੀ ਤੋਂ ਜਲਦੀ ਰਾਸ਼ਟਰਪਤੀ ਪੁਤਿਨ ਦਾ ਭਾਰਤ ਵਿੱਚ ਸਵਾਗਤ ਕਰਨ ਦੀ ਇੱਛਾ ਪ੍ਰਗਟਾਈ।

ਨਵੀਂ ਦਿਲੀ
7 ਅਕਤੂਬਰ, 2020

DISCLAIMER: This is an approximate translation. The original is available in English on MEA's website and may be referred to as the official press release.